# ਸਕੂਲ ਨੈਸ਼ਨਲ ਖੇਡਾਂ ਵਿੱਚ ਜ਼ਿਲ੍ਹੇ ਦੇ ਖਿਡਾਰੀਆਂ ਦਾ ਬੇਹਤਰੀਨ ਪ੍ਰਦਰਸ਼ਨ : ਡੀ.ਸੀ.

ਫ਼ਤਹਿਗੜ੍ਹ ਸਾਹਿਬ, 17 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਬੀਤੇ ਦਿਨੀ ਹਰਿਆਣਾ ਦੇ ਹਿਸਾਰ ਵਿਖੇ ਹੋਈਆਂ 67ਵੀਆਂ ਸਕੂਲ ਨੈਸ਼ਨਲ ਗੇਮਜ਼ 2023-24 ਵਿੱਚ ਲੜਕਿਆਂ ਦੇ 19 ਸਾਲ ਉਮਰ ਵਰਗ ਵਿੱਚ ਪੰਜਾਬ ਹੈਂਡਬਾਲ ਟੀਮ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਗਮਾ ਹਾਸਿਲ ਕੀਤਾ। ਇਸ ਟੀਮ ਵਿੱਚ ਹੈਂਡਬਾਲ ਕੋਚਿੰਗ ਸੈਂਟਰ ਪੰਜੌਲੀ ਕਲਾਂ, ਫਤਿਹਗੜ੍ਹ ਸਾਹਿਬ ਦੇ ਦੋ ਖਿਡਾਰੀਆਂ ਦਿਲਪ੍ਰੀਤ ਸਿੰਘ ਅਤੇ ਗੁਰਵੀਰ ਸਿੰਘ ਗਿੱਲ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਾ ਨਾਂ ਰੋਸ਼ਨ ਕੀਤਾ।ਇਨ੍ਹਾਂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਖੇਡਾਂ ਬਹੁਤ ਜ਼ਰੂਰੀ ਬਣ ਗਈਆਂ ਹਨ ਕਿਉਂਕਿ ਖੇਡਾਂ ਨਾਲ ਜੋੜ ਕੇ ਹੀ ਖਿਡਾਰੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਨੌ ਹੋਰ ਨਿਖਰਨ ਦਾ ਮੌਕਾ ਮਿਲਦਾ ਹੈ ਅਤੇ ਖਿਡਾਰੀ ਅਨੁਸ਼ਾਸਨ ਵਿੱਚ ਰਹਿ ਕੇ ਆਪਣੇ ਖੇਡ ਪ੍ਰਤੀਭਾ ਦਾ ਪ੍ਰਦਰਸ਼ਨ ਕਰਦੇ ਹਨ। ਉਹਨਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੇ ਜੀਵਨ ਵਿੱਚ ਵਿੱਦਿਆ ਦੇ ਨਾਲ-ਨਾਲ ਖੇਡਾਂ ਨਾਲ ਵੀ ਜੁੜਨ ਕਿਉਂਕਿ ਖੇਡਾਂ ਜਿੱਥੇ ਸਰੀਰਕ ਰੂਪ ਵਿੱਚ ਤੰਦਰੁਸਤ ਰੱਖਦੀਆਂ ਹਨ ਉੱਥੇ ਹੀ ਖਿਡਾਰੀਆਂ ਨੂੰ ਮਾਨਸਿਕ ਤੌਰ 'ਤੇ ਮਜ਼ਬੂਤੀ ਵੀ ਮਿਲਦੀ ਹੈ।

ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ ਵਿਖੇ ਖਿਡਾਰੀ ਦਿਲਪ੍ਰੀਤ ਸਿੰਘ ਅਤੇ ਗੁਰਬੀਰ ਸਿੰਘ ਗਿੱਲ ਨੂੰ ਸਨਮਾਨਿਤ ਕਰਦੇ ਹੋਏ ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਹੈਂਡਬਾਲ ਕੋਚ ਕੁਲਵਿੰਦਰ ਸਿੰਘ ਨੂੰ ਵੀ ਵਧਾਈਆਂ ਦਿੱਤੀਆਂ ਅਤੇ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਾਹੁਲਦੀਪ ਸਿੰਘ ਅਤੇ ਰਮਨੀਕ ਅਹੂਜਾ ਬਾਸਕਟਬਾਲ ਕੋਚ, ਲਖਵੀਰ ਸਿੰਘ ਐਥਲੈਟਿਕਸ ਕੋਚ, ਸੁਖਦੀਪ ਸਿੰਘ ਫੁੱਟਬਾਲ ਕੋਚ, ਮਨੋਜ ਕੁਮਾਰ ਜਿਮਨਾਸਟਿਕ ਕੋਚ ਨੇ ਵੀ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ।

# ਹਿਟ ਐਂਡ ਰਨ ਕਾਨੂੰਨ ਦੇ ਵਿਰੋਧ 'ਚ ਪੰਜਾਬ ਭਰ ਦੇ ਟਰੱਕ ਆਪਰੇਟਰ ਅੱਜ ਹੜਤਾਲ 'ਤੇ

ਫਤਿਹਗੜ੍ਹ ਸਾਹਿਬ, 17 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਕੇਂਦਰ ਸਰਕਾਰ ਵੱਲੋਂ ਨਵੇਂ ਬਣਾਏ ਗਏ ਹਿਟ ਐਂਡ ਰਨ ਕਾਨੂੰਨ ਦੇ ਵਿਰੋਧ ਵਿੱਚ ਆਲ ਇੰਡੀਆ ਟਰੱਕ ਐਸੋਸੀਏਸ਼ਨ ਵੱਲੋਂ ਪੂਰੇ ਪੰਜਾਬ ਭਰ ਵਿੱਚ 18 ਜਨਵਰੀ ਨੂੰ ਹੜਤਾਲ 'ਤੇ ਜਾਣ ਦਾ ਐਲਾਨ ਕੀਤਾ ਗਿਆ ਹੈ ।ਟਰੱਕ ਆਪਰੇਟਰ ਯੂਨੀਅਨ ਸਰਹੰਦ ਜਿੱਥੇ ਸਮੂਹ ਮਾਲਕਾਂ ਅਤੇ ਡਰਾਈਵਰਾਂ ਵੱਲੋਂ ਇਕੱਠੇ ਹੋ ਕੇ ਇਸ ਹਿਟ ਐਂਡ ਰਨ ਕਾਨੂੰਨ ਦੇ ਵਿਰੋਧ ਵਿੱਚ ਕੇਂਦਰ ਸਰਕਾਰ ਖਿਲਾਫ ਜਮ ਤੇ ਨਾਰੇਬਾਜੀ ਕੀਤੀ ਗਈ, ਉੱਥੇ ਹੀ ਇਸ ਕਾਲੇ ਕਾਨੂੰਨ ਨੂੰ ਵਾਪਸ ਲੈਣ ਦੀ ਜ਼ੋਰਦਾਰ ਮੰਗ ਕੀਤੀ ਗਈ।

ਇਸ ਮੌਕੇ 'ਤੇ ਮਹਿੰਦਰ ਸਿੰਘ ਪ੍ਰਧਾਨ ਟਰੱਕ ਆਪਰੇਟਰ ਯੂਨੀਅਨ ਸਰਹਿੰਦ ਨੇ ਕਿਹਾ ਕਿ ਫਿਲਹਾਲ ਆਲ ਇੰਡੀਆ ਟਰੱਕ ਯੂਨੀਅਨ ਐਸੋਸੀਏਸ਼ਨ ਦੀ ਕਾਲ 'ਤੇ ਪੂਰੇ ਪੰਜਾਬ ਭਰ ਵਿੱਚ 18 ਜਨਵਰੀ ਨੂੰ ਇੱਕ ਦਿਨ ਦੀ ਸਟਰਾਈਕ ਕਰਕੇ ਮੁਕੰਮਲ ਹੜਤਾਲ ਕੀਤੀ ਜਾ ਰਹੀ ਹੈ ਅਤੇ ਟਰੱਕ ਯੂਨੀਅਨਾਂ ਨੂੰ ਜਿੰਦਰੇ ਤੱਕ ਲਗਾ ਦਿੱਤੇ ਜਾਣਗੇ। ਉਹਨਾਂ ਕਿਹਾ ਕਿ ਜੋ ਕੇਂਦਰ ਸਰਕਾਰ ਵੱਲੋਂ ਹਿਟ ਐਂਡ ਰਨ ਕਾਨੂੰਨ ਦੇ ਤਹਿਤ 10 ਸਾਲ ਦੀ ਸਜ਼ਾ ਅਤੇ 7 ਲੱਖ ਦਾ ਜੁਰਮਾਨਾ ਥੋਪਿਆ ਗਿਆ ਹੈ, ਇਸ ਦਾ ਸਮੁੱਚੇ ਟਰੱਕ ਆਪਰੇਟਰ ਡਰਾਈਵਰਾਂ ਅਤੇ ਯੂਨੀਅਨਾ ਵੱਲੋਂ ਪੂਰਾ ਵਿਰੋਧ ਕੀਤਾ ਜਾ ਰਿਹਾ ਹੈ । ਉਹਨਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਵੱਲੋਂ ਇਸ ਕਾਨੂੰਨ ਨੂੰ ਰੱਦ ਨਹੀਂ ਕੀਤਾ ਜਾਂਦਾ ਤਾਂ ਇਸ ਦੇ ਖਿਲਾਫ ਸਖਤ ਸੰਘਰਸ਼ ਆਰੰਭਿਆ ਜਾਵੇਗਾ।

# ਸ਼ਰਧਾਲੂਆਂ ਦੇ ਵੱਖ-ਵੱਖ ਜੱਥੇ ਸ੍ਰੀ ਆਨੰਦਪੁਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਖਾਟੂ ਸ਼ਯਾਮ ਤੇ ਸਾਲਾਸਰ ਲਈ ਰਵਾਨਾ

ਲੁਧਿਆਣਾ, 17 ਜਨਵਰੀ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਰਾਏਕੋਟ ਦੇ ਵਸਨੀਕਾਂ ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਵਿਧਾਇਕ ਹਾਕਮ ਸਿੰਘ ਠੇਕੇਦਾਰ ਵਲੋਂ ਸ਼ਰਧਾਲੂਆਂ ਦੇ ਵੱਖ-ਵੱਖ ਜੱਥੇ ਸ੍ਰੀ ਆਨੰਦਪੁਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਖਾਟੂ ਸ਼ਯਾਮ ਅਤੇ ਸਾਲਾਸਰ (ਰਾਜਸਥਾਨ) ਵਿਖੇ ਦਰਸ਼ਨਾਂ ਲਈ ਰਵਾਨਾ ਕੀਤੇ ਗਏ।ਵਿਧਾਇਕ ਹਾਕਮ ਸਿੰਘ ਠੇਕੇਦਾਰ ਵੱਲੋਂ ਬੱਸਾਂ ਨੂੰ ਝੰਡੀ ਦੇਣ ਮੌਕੇ ਕਿਹਾ ਕਿ ਪਿੰਡ ਨੱਥੋਵਾਲ ਅਤੇ ਝੋਰੜਾਂ ਤੋਂ ਸ਼ਰਧਾਲੂਆਂ ਦੀਆਂ ਬੱਸਾਂ ਸ੍ਰੀ ਆਨੰਦਪੁਰ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਜਾਣਗੀਆਂ ਜਿੱਥੇ ਸੰਗਤਾਂ ਨਤਮਸਤਕ ਹੋਣਗੀਆਂ ਜਦਕਿ ਬਲਾਕ ਸੁਧਾਰ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਖਾਟੂ ਸ਼ਯਾਮ ਅਤੇ ਸਾਲਾਸਰ (ਰਾਜਸਥਾਨ) ਵਿਖੇ ਹਾਜਰੀ ਭਰੇਗੀ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਰਾਹੀਂ ਵੱਡੀ ਗਿਣਤੀ ਵਿੱਚ ਲੋਕ ਵਿਸ਼ੇਸ਼ ਟਰੇਨਾਂ ਅਤੇ ਬੱਸਾਂ ਰਾਹੀਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਬਿਲਕੁਲ ਮੁਫਤ ਦਰਸ਼ਨ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਬੱਸਾਂ ਅਤੇ ਟਰੇਨਾਂ ਵਿੱਚ ਸ਼ਰਧਾਲੂਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਮੁਫਤ ਖਾਣਾ, ਰਹਿਣ-ਸਹਿਣ ਤੇ ਸ਼ਰਧਾਲੂ ਕਿੱਟਾਂ ਤੋਂ ਇਲਾਵਾ ਟੂਰਿਸਟ ਗਾਈਡ ਦੀਆਂ ਸਹੂਲਤਾਂ ਵੀ ਮੁਫਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਵਿਧਾਇਕ ਹਾਕਮ ਸਿੰਘ ਠੇਕੇਦਾਰ ਨੇ ਅੱਗੇ ਦੱਸਿਆ ਕਿ ਧਾਰਮਿਕ ਸਥਾਨਾਂ ਦੇ ਚਾਹਵਾਨ ਸ਼ਰਧਾਲੂ ਦਰਸ਼ਨਾਂ ਲਈ ਟਰਾਂਸਪੋਰਟ ਵਿਭਾਗ ਦੀ ਵੈਬਸਾਈਟ ਤੋਂ ਫਾਰਮ ਡਾਊਨਲੋਡ ਕਰਕੇ ਉਨ੍ਹਾਂ ਦੇ ਦਫ਼ਤਰ ਜਾਂ ਐੱਸ.ਡੀ.ਐੱਮ. ਦਫ਼ਤਰ ਵਿਖੇ ਜਮ੍ਹਾ ਕਰਵਾ ਸਕਦੇ ਹਨ। ਹਰੇਕ ਯਾਤਰੀ ਲਈ ਆਪਣੀ ਅਗਾਊਂ ਰਜਿਸਟ੍ਰੇਸ਼ਨ ਕਰਵਾਉਣੀ ਲਾਜਮੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਵਿਸ਼ੇਸ਼ ਬੱਸਾਂ ਵਿੱਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਯਾਤਰੀਆਂ ਨੂੰ ਹਰ ਸੰਭਵ ਸੁਵਿਧਾ ਦਿੱਤੀ ਜਾਵੇਗੀ। ਉਨ੍ਹਾਂ ਹਲਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਦਾ ਲਾਹਾ ਲੈਣ ਲਈ ਆਪਣੀ ਅਗਾਊਂ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਤੌਰ 'ਤੇ ਯਕੀਨੀ ਬਣਾਉਣ।

# ਵਿਧਾਇਕ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 93 'ਚ ਨਵੇਂ ਟਿਊਬਵੈਲ ਦਾ ਉਦਘਾਟਨ

ਲੁਧਿਆਣਾ, 17 ਜਨਵਰੀ (ਵਿਸ਼ਾਲ ਸ਼ਰਮਾ): ਹਲਕੇ ਦੇ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਕਿੱਲਤ ਤੋਂ ਨਿਜਾਤ ਦਿਵਾਉਣ ਦੇ ਮੰਤਵ ਨਾਲ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਸਥਾਨਕ ਵਾਰਡ ਨੰਬਰ 93 ਅਧੀਨ ਪ੍ਰੀਤ ਵਿਹਾਰ, ਗਲੀ ਨੰਬਰ 1 ਵਿਖੇ 12.5 ਹਾਰਸ ਪਾਵਰ ਟਿਊਬਵੈਲ ਵਸਨੀਕਾਂ ਨੂੰ ਸਮਰਪਿਤ ਕੀਤਾ।

ਵਿਧਾਇਕ ਬੱਗਾ ਵੱਲੋਂ ਟਿਊਬਵੈਲ ਦਾ ਉਦਘਾਟਨ ਕਰਨ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਾਰਡ ਨੰਬਰ 93 ਦੇ ਵਸਨੀਕਾਂ ਨੂੰ ਬੀਤੇ ਸਮੇਂ ਦੌਰਾਨ ਪਾਣੀ ਦੀ ਕਾਫੀ ਕਿੱਲਤ ਸੀ ਅਤੇ ਉਨ੍ਹਾਂ ਦੀ ਚਿਰੌਂਕਣੀ ਮੰਗ ਨੂੰ ਪੂਰਾ ਕਰਦਿਆਂ ਵਾਰਡ ਵਿੱਚ ਨਵਾਂ ਟਿਊਬਵੈਲ ਲਗਾਇਆ ਗਿਆ ਹੈ ਤਾਂ ਜੋ ਵਸਨੀਕਾਂ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਹੁਣ ਆਸ ਪਾਸ ਦੇ ਇਲਾਕਿਆਂ ਨੂੰ ਵੀ ਇਸਦਾ ਲਾਭ ਮਿਲੇਗਾ।ਵਿਧਾਇਕ ਬੱਗਾ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸੂਬੇ ਦੇ ਵਸਨੀਕਾਂ ਨੂੰ ਆਉਣ ਵਾਲੀਆਂ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਵਚਨਬੱਧ ਹੈ ਜਿਸ ਤਹਿਤ ਚੌਣਾਂ ਦੌਰਾਨ ਵੋਟਰਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।

# ਨਸ਼ੇ ਦੀ ਮਹਾਂਮਾਰੀ ਨੂੰ ਖ਼ਤਮ ਕਰਨ ਲਈ ਮੁਫ਼ਤ ਕੈਂਪ ਲਗਾਇਆ

ਲੁਧਿਆਣਾ, 17 ਜਨਵਰੀ (ਵਿਸ਼ਾਲ ਸ਼ਰਮਾ) ਪੰਜਾਬ ਵਿਚ ਨਸ਼ਾ ਬਹੁਤ ਵੱਧ ਗਿਆ ਹੈ ਨਸ਼ਾ ਪੰਜਾਬ ਦੀ ਨੌਜਵਾਨੀ ਨੂੰ ਲਕੜੀ ਵਿਚ ਲੱਗੇ ਘੁਣ ਵਾਂਗ ਖਾ ਰਿਹਾ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਾ.ਬਲਵਿੰਦਰ ਸਿੰਘ ਵਾਲੀਆ (ਪੱਟੀ ਵਾਲਿਆਂ) ਨੇ ਆਪਣੇ ਹਸਪਤਾਲ ਗੁਰੂ ਨਾਨਕ ਚੈਰੀਟੇਬਲ ਹਸਪਤਾਲ ਡੇਹਲੋਂ ਵਿਖੇ ਕੀਤਾ। ਉਨ੍ਹਾਂ ਇਸ ਮੌਕੇ ਦਸਿਆ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਦੁਆਰਾ ਪਿਛਲੇ 4 ਮਹੀਨਿਆਂ ਤੋਂ ਮੁਫ਼ਤ ਨਸ਼ਾ ਛੁਡਾਊ ਕੈਂਪ ਲਗਾਇਆ ਗਿਆ ਹੈ।ਡਾ.ਵਾਲੀਆ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਹ ਨਸ਼ੇ ਹੋਲੀ ਹੋਲੀ ਬਰਬਾਦ ਕਰ ਰਹੇ ਹਨ, ਨਸ਼ੇ ਦੇ ਸ਼ਿਕਾਰ ਨੌਜਵਾਨ ਬੁਰਾਈ ਦੀ ਦਲਦਲ ਵਿੱਚ ਫਸ ਰਹੇ ਹਨ ਤੇ ਨਸ਼ੇ ਦੀ ਪੂਰਤੀ ਲਈ ਚੋਰੀ ਕਰਨ ਤੋਂ ਵੀ ਗੁਰੇਜ਼ ਨਹੀਂ ਕਰਦੇ, ਅਤੇ ਪੰਜਾਬ ਦਾ ਮਾਹੌਲ ਖਰਾਬ ਕਰਦੇ ਹਨ ਇਸ ਬੁਰਾਈ ਲਾਹਨਤ ਨੂੰ ਨੌਜਵਾਨੀ ਤੋਂ ਦੂਰ ਕਰਨ ਲਈ ਸਾਨੂੰ ਸਭ ਨੂੰ ਅੱਗੇ ਆਉਣਾ ਚਾਹੀਦਾ ਹੈ।ਡਾ.ਵਾਲੀਆ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਵੱਲੋਂ ਨੌਜਵਾਨ ਵਰਗ ਨੂੰ ਇਸ ਲਾਹਨਤ ਨਾਮੀ ਨਸ਼ੇ ਤੋਂ ਬਚਾਉਣ ਲਈ ਵੱਡੇ ਪੱਧਰ ਤੇ ਪਿਛਲੇ 4 ਮਹੀਨਿਆਂ ਤੋਂ ਮੁਫ਼ਤ ਨਸ਼ਾ ਛੁਡਾਊ ਕੈਂਪ ਲਗਾਇਆ ਗਿਆ ਹੈ ਜਿਸ ਵਿਚ ਬਹੁਤ ਸਾਰੇ ਨੌਜਵਾਨਾਂ ਨੇ ਦਾਖਲ ਹੋਕੇ ਨਸ਼ਾ ਛੱਡਿਆ ਅਤੇ ਆਪਣਾ ਜੀਵਨ ਖੁਸ਼ਹਾਲ ਕੀਤਾ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਉ ਰਲ਼ ਮਿਲ਼ ਕੇ ਇਸ ਮੁਹਿੰਮ ਵਿਚ ਹਿੱਸਾ ਪਾਈਏ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਦੇ ਗੁਆਂਢੀ ਜਾਂ ,ਜਾਣਕਾਰ ਜਾਂਣ ਪਹਿਚਾਨ ਵਾਲਾ ਜੇਕਰ ਨਸ਼ਾ ਕਰਦਾ ਹੈ ਉਸ ਨੂੰ ਸਮਝਾ ਕੇ ਗੁਰੂ ਨਾਨਕ ਚੈਰੀਟੇਬਲ ਹਸਪਤਾਲ ਡੇਹਲੋਂ (ਲੁਧਿਆਣਾ)ਵਿਖੇ ਲੈਕੇ ਆਉ ਇਲਾਜ ਬਿਲਕੁਲ ਮੁਫਤ ਹੋਵੇਗਾ , ਇਥੇ ਖਾਣਾ,ਰਹਿਣਾ, ਦਾਖਲਾ, ਦਵਾਈਆਂ, ਟੈਸਟ ਅਤੇ ਦਵਾਈਆਂ ਦਾ ਕੋਈ ਪੈਸਾ ਨਹੀਂ ਲੱਗੇ ਗਾ, ਉਲਟਾ ਤੁਸੀਂ ਕਿਸੇ ਨੌਜਵਾਨ ਦਾ ਨਸ਼ਾ ਛੁਡਾਉਣ ਵਿਚ ਮੱਦਦ ਕਰ ਸਕਦੇ ਹੋ।ਡਾ.ਬਲਵਿੰਦਰ ਸਿੰਘ ਵਾਲੀਆ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਸੁਪਨਾ ਪਹਿਲਾਂ ਵਾਂਗ ਨਸ਼ਾ ਮੁਕਤ ਪੰਜਾਬ ਵੇਖਣਾ ਚਾਹੁੰਦੇ ਹਨ ਅਤੇ ਪੰਜਾਬ ਦੀ ਨੌਜਵਾਨੀ ਪਹਿਲਾਂ ਵਾਂਗ ਫੌਜ ਵਿੱਚ ਭਰਤੀ ਹੋ ਕੇ ਸਰਹੰਦ ਦੀ ਰੱਖਿਆ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਬਹੁਤ ਨੌਜਵਾਨ ਜੋ ਨਸ਼ਾ ਛੁਡਾਊ ਕੈਂਪ ਵਿੱਚ ਆਏ ਉਨ੍ਹਾਂ ਦੀ ਦੀ ਜ਼ੁਬਾਨੀ ਸੁਣਿਆ ਕਿ ਦੋ ਨਸ਼ਾ ਛੱਡਣਾ ਚਾਹੁੰਦੇ ਹਨ ਉਹ ਆਪਣੀ ਮਰਜ਼ੀ ਨਾਲ ਨਸ਼ਾ ਛੱਡ ਸਕਦਾ ਹੈ ਅਤੇ ਨਸ਼ਾ ਕਰਨ ਵਾਲੇ ਨੂੰ ਇਕ ਮੌਕਾ ਜ਼ਰੂਰ ਦਿਉ ਉਹ ਜ਼ਰੂਰ ਨਸ਼ਾ ਛੱਡ ਜਾਵੇਗਾ ਇਸ ਹਸਪਤਾਲ ਵਿਚ ਕਿਸੇ ਤਰ੍ਹਾਂ ਦਾ ਕੋਈ ਕੋਈ ਪੈਸਾ ਨਹੀਂ ਲੱਗਦਾ ਹਸਪਤਾਲ ਦੇ ਡਾਕਟਰ ਨਰਸਾਂ ਅਤੇ ਸਮੂਹ ਸਟਾਫ ਨਸ਼ਾ ਛੁਡਾਉਣ ਲਈ ਸੁਹਿਰਦ ਹੈ ਅਤੇ ਨਸ਼ਾ ਛੁਡਾਉਣ ਲਈ ਪੂਰੀ ਮਦਦ ਕਰਦਾ ਹੈ।

# ਡਿਪਟੀ ਕਮਿਸ਼ਨਰ ਸੁਰਭੀ ਮਲਿਕ ਦੀ ਅਗਵਾਈ 'ਚ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ

ਲੁਧਿਆਣਾ, 17 ਜਨਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ 'ਤੇ ਨਕੇਲ ਪਾਉਣ ਲਈ ਹੁਣ ਤੋਂ ਹੀ ਤਿਆਰੀ ਖਿੱਚ ਲਈ ਗਈ ਹੈ ਜਿਸਦੇ ਤਹਿਤ ਅੱਜ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਜਿਨ੍ਹਾਂ ਵਿੱਚ ਬੱਸੀਆਂ, ਹਠੂਰ, ਰਸੂਲਪੁਰ ਆਦਿ ਸ਼ਾਮਲ ਹਨ।ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਦੇ ਨਾਲ ਮੁੱਖ ਖੇਤੀਬਾੜੀ ਅਫ਼ਸਰ ਨਰਿੰਦਰ ਸਿੰਘ ਬੈਨੀਪਾਲ ਵੱਲੋਂ ਕਿਸਾਨ ਭਰਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਸਲਾਂ ਦੀ ਨਾੜ ਨੂੰ ਅੱਗ ਲਾਉਣਾ ਕੁਦਰਤ ਨਾਲ ਖਿਲਵਾੜ ਕਰਨਾ ਹੈ ਅਤੇ ਵਾਤਾਵਰਣ ਨੂੰ ਗੰਧਲਾ ਹੋਣ ਤੋਂ ਬਚਾਉਣ ਲਈ ਸਾਨੂੰ ਸਰਿਆਂ ਨੂੰ ਇਕੱਠੇ ਹੋ ਕੇ ਹੰਭਲਾ ਮਾਰਨਾ ਚਾਹੀਦਾ ਹੈ।ਇਸ ਮੌਕੇ ਮਾਲ ਵਿਭਾਗ, ਖੇਤੀਬਾੜੀ ਵਿਭਾਗ ਅਤੇ ਪ੍ਰਦੂਸ਼ਣ ਕੰਟਰੋਲ ਵਿਭਾਗ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ ਨੇ ਕਿਹਾ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਬੇਸ਼ੱਕ ਭਾਰੀ ਗਿਰਾਵਟ ਆਈ ਹੈ ਪਰ ਹਾਲੇ ਇਸ ਵਿੱਚ ਹੋਰ ਸੁਧਾਰ ਲਿਆਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਬੱਸੀਆਂ, ਹਠੂਰ ਅਤੇ ਰਸੂਲਪੁਰ ਦੇ ਕਿਸਾਨਾਂ 